# ਉਪ ਮੰਡਲ ਅਫ਼ਸਰ ਸਮਾਣਾ

ਵੱਲ

ਪ੍ਰਿੰਸੀਪਲ

**ਬਾਬਾ ਬੰਦਾ ਸਿੰਘ ਬਹਾਦਰ ਪਬਲਿਕ**

**ਸੀਨੀਅਰ ਸੈਕੇਂਡਰੀ ਸਕੂਲ ਫਤਿਹਪੁਰ**

**ਸਮਾਣਾ ਪਟਿਆਲਾ ਰੋਡ ਫਤਿਹਪੁਰ 147101 ਪੰਜਾਬ।**

ਮੀਮੋ ਨੰ: 731 — ਮਿਤੀ: 17-3-26 —

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਆਪ ਜੀ ਦੇ ਸਕੂਲ ਲਈ ਬਿਲਡਿੰਗ ਸੇਫਟੀ ਸਰਟੀਫਿਕੇਟ ਆਪ ਜੀ ਵੱਲੋਂ ਦਿੱਤੀ ਗਈ ਪ੍ਰਤੀ ਬੇਨਤੀ ਦੇ ਆਧਾਰ ਤੇ ਅਤੇ ਆਪ ਵੱਲੋਂ ਪੇਸ਼ ਕੀਤੇ ਗਏ ਨਕਸ਼ੇ ਅਤੇ ਸਬੰਧਤ ਜੂਨੀਅਰ ਇੰਜੀਨੀਅਰ ਵੱਲੋਂ ਕੀਤੀ ਗਈ ਰਿਪੋਰਟ ਅਨੁਸਾਰ ਕਿ ਬਿਲਡਿੰਗ ਵੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣ ਯੋਗ ਹੈ, ਦੇ ਆਧਾਰ ਤੇ **ਮਿਤੀ 17.03.2026** ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਕਿ:-

1) ਆਪ ਇਸ ਸਮੇ ਦੌਰਾਨ ਇਸ ਬਿਲਡਿੰਗ ਦੇ ਪੇਸ਼ ਕੀਤੇ ਨਕਸ਼ੇ ਵਿੱਚ ਕੋਈ ਵਾਧਾ ਜਾਂ ਤਰਮੀਮ ਨਹੀਂ ਕਰੋ ਗੇ। ਜੇਕਰ ਆਪ ਦੀ ਸੰਸਥਾ ਵੱਲੋਂ ਅਜਿਹਾ ਕੀਤਾ ਗਿਆ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ ਅਤੇ ਆਪ ਨੂੰ ਨਵਾਂ ਸਕੂਲ ਸਰਟੀਫਿਕੇਟ ਜਾਰੀ ਕਰਵਾਉਣ ਹਿੱਤ ਦੁਬਾਰਾ ਤੋਂ ਅਪਲਾਈ ਕਰਨਾ ਹੋਵੇਗਾ।
2) ਜੇਕਰ ਆਪ ਵੱਲੋਂ ਇਸ ਬਿਲਡਿੰਗ ਵਿੱਚ ਕਿਸੇ ਕਿਸਮ ਦਾ ਵਾਧਾ ਜਾਂ ਤਰਮੀਮ ਕੀਤਾ ਜਾਂਦਾ ਹੈ ਤਾਂ ਇਹ ਕਿਸੇ ਸਰਟੀਫਾਇਡ ਇੰਜੀਨੀਅਰ ਦੀ ਦੇਖ-ਰੇਖ ਵਿੱਚ ਅਤੇ ਇਸ ਦਫਤਰ ਨੂੰ ਸੂਚਨਾ ਦਿੰਦਿਆਂ ਹੋਇਆ ਕਰਵਾਇਆ ਜਾਵੇ। ਵਾਧਾ ਮੁਕੰਮਲ ਹੋਣ ਉਪਰੰਤ ਆਪ ਇਹ ਸਰਟੀਫਿਕੇਟ ਦੁਬਾਰਾ ਤੋਂ ਜਾਰੀ ਕਰਵਾਉਗੇ।
3) ਜੇਕਰ ਕਿਸੇ ਕੁਦਰਤੀ ਕਾਰਨਾਂ ਕਰਕੇ ਇਸ ਇਮਾਰਤ ਨੂੰ ਕਿਸੇ ਕਿਸਮ ਦਾ ਨੁਕਾਸਨ ਪਹੁੰਚਦਾ ਹੈ ਤਾਂ ਇਸ ਦਫਤਰ ਨੂੰ ਫੌਰੀ ਤੌਰ ਤੇ ਸੂਚਨਾ ਦਿੱਤੀ ਜਾਵੇ ਜੀ।
4) ਇਹ ਸਰਟੀਫਿਕੇਟ **ਮਿਤੀ 31.03.2027** ਤੱਕ ਹੀ ਵੈਲਿਡ ਹੋਵੇਗਾ।
5) ਸੜਕ ਤੋਂ ਸਕੂਲ ਤੱਕ ਅਤੇ ਸੜਕ ਕਰਾਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਏ ਜਾਣੇ ਯਕੀਨੀ ਬਣਾਏ ਜਾਣ।
6) ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਜਾਰੀ ਸਕੂਲ ਬੱਸਾਂ ਵਿੱਚ ਸੁਰੱਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
7) ਪਾਰਕਿੰਗ ਲਈ ਇੰਤਜ਼ਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ, ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣੀ ਚਾਹੀਦੀ ਹੈ।

ਉਪ ਮੰਡਲ ਅਫ਼ਸਰ(ਪਰ)
ਸਮਾਣਾ

ਮਿਤੀ:

**ਪਿੱਠ ਅੰਕਣ ਨੰ:**

ਉਪਰੋਕਤ ਦਾ ਉਤਾਰਾ ਕਾਰਜਕਾਰੀ ਇੰਜੀਨੀਅਰ (ਪਰਡ) ਪਟਿਆਲਾ ਜੀ ਨੂੰ ਸਮੇਤ ਡਰਾਫਟ ਨੰ. 010270 ਮਿਤੀ 10/03/2026 ਰਕਮੀਂ 10000/-ਰੁ: ਦੇ ਸੂਚਨਾ/ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਨੱਥੀ/ਬੈਂਕ ਡਰਾਫਟ ਉਕਤ ਅਨੁਸਾਰ**

ਉਪ ਮੰਡਲ ਅਫ਼ਸਰ(ਪਰ)
ਸਮਾਣਾ